File No.DIPR/133/2020-DPRO Amritsar
I/19707/2020

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ**

**ਲੋੜਵੰਦਾਂ ਤੱਕ ਲਗਾਤਾਰ ਰਾਸ਼ਨ ਪੁਹੰਚਾ ਰਹੀ ਹੈ ਪੰਜਾਬ ਸਰਕਾਰ-ਸੋਨੀ**

**ਸਮਾਜ ਸੇਵੀ ਸੰਸਥਾਵਾਂ ਦੇ ਨਾਲ-ਨਾਲ ਨਿੱਜੀ ਸੰਸਥਾਵਾਂ ਵੀ ਆਈਆਂ ਅੱਗੇ**

**ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੇ ਤਿੰਨ ਟਰੱਕ ਕੀਤੇ ਰਵਾਨਾ**

**ਅੰਮ੍ਰਿਤਸਰ, 22 ਅਪ੍ਰੈਲ (** )-ਕੋਰੋਨਾ ਵਾਇਰਸ ਤੋਂ ਪੰਜਾਬ ਵਾਸੀਆਂ ਨੂੰ ਬਚਾਈ ਰੱਖਣ ਲਈ ਲਗਾਏ ਗਏ ਕਰਫਿਊ ਦੌਰਾਨ ਪੰਜਾਬ ਸਰਕਾਰ ਵੱਲੋਂ ਲਗਾਤਾਰ ਲੋੜਵੰਦਾਂ ਤੱਕ ਰਾਸ਼ਨ ਅਤੇ ਫੂਡ ਪੈਕਟ ਭੇਜੇ ਜਾ ਰਹੇ ਹਨ ਅਤੇ ਖਾਸ ਤੌਰ ਉਤੇ ਉਨਾਂ ਬਸਤੀਆਂ ਦਾ ਖਿਆਲ ਰੱਖਿਆ ਜਾ ਰਿਹਾ ਹੈ, ਜਿੰਨਾ ਵਿਚ ਜ਼ਿਆਦਾਤਰ ਦਿਹਾੜੀਦਾਰ ਮਜ਼ਦੂਰ ਜਾਂ ਪ੍ਰਵਾਸੀ ਮਜ਼ਦੂਰ ਰਹਿੰਦੇ ਹਨ। ਇਸ ਤੋਂ ਇਲਾਵਾ ਰਾਜ ਪੱਧਰ ਤੇ ਜਿਲਾ ਪੱਧਰ ਉਤੇ ਚੱਲਦੇ ਕੰਟਰੋਲ ਰੂਮ ਵਿਚ ਆਉਂਦੇ ਟੈਲੀਫੋਨ ਉਤੇ ਵੀ ਤਰੁੰਤ ਸੰਪਰਕ ਕਰਕੇ ਹਰ ਸੰਭਵ ਸਹਾਇਤਾ ਪੁੱਜਦੀ ਕੀਤੀ ਜਾ ਰਹੀ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਆਪਣੀ ਰਿਹਾਇਸ਼ ਤੋਂ ਅੰਮ੍ਰਿਤਸਰ ਕੇਂਦਰੀ ਹਲਕੇ ਦੀਆਂ ਬਾਹਰਲੀਆਂ ਵਾਰਡਾਂ ਲਈ 1000 ਰਾਸ਼ਨ ਦੇ ਪੈਕ ਲੈ ਕੇ ਜਾ ਰਹੇ ਤਿੰਨ ਟਰੱਕਾਂ ਨੂੰ ਰਵਾਨਾ ਕਰਨ ਮੌਕੇ ਕੀਤਾ।

ਉਨਾਂ ਦੱਸਿਆ ਕਿ ਇਸ ਕੰਮ ਲਈ ਲੋੜਵੰਦ ਪਰਿਵਾਰਾਂ ਅਤੇ ਵਿਅਕਤੀਆਂ ਦੀ ਸੂਚੀ ਪ੍ਰਸ਼ਾਸ਼ਨ ਵਲੋ ਪਹਿਲਾਂ ਤਿਆਰ ਕੀਤੀ ਜਾਂਦੀ ਹੈ ਅਤੇ ਉਸ ਅਨੁਸਾਰ ਲੋੜਵੰਦਾ ਤੱਕ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਸ੍ਰੀ ਸੋਨੀ ਨੇ ਦੱਸਿਆ ਕਿ ਪ੍ਰਸ਼ਾਸਨ ਦੇ ਨਾਲ-ਨਾਲ ਧਾਰਮਿਕ, ਸਮਾਜ ਸੇਵੀ ਸੰਸਥਾਵਾਂ ਅਤੇ ਨਿਜੀ ਸੰਸਥਾਵਾਂ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆ ਰਹੀਆਂ ਹਨ , ਜੋ ਕਿ ਇਕ ਚੰਗਾ ਉਦਮ ਹੈ। ਸ੍ਰੀ ਸੋਨੀ ਨੇ ਸਾਰੀਆਂ ਸੰਸਥਾਵਾਂ ਨੂੰ ਅਪੀਲ ਕਰਦੇ ਕਿਹਾ ਕਿ ਰਾਸ਼ਨ ਵਰਤਾਉਂਦੇ ਵਕਤ ਆਪਸੀ ਦੂਰੀ ਦਾ ਸਾਵਧਾਨੀ ਨਾਲ ਪਾਲਣ ਕੀਤਾ ਜਾਵੇ। ਉਨਾਂ ਕਿਹਾ ਕਿ ਇਹ ਨਿੱਕੀਆਂ ਨਿੱਕੀਆਂ ਕੋਸ਼ਿਸ਼ਾਂ ਨਾਲ ਅਸੀਂ ਸਾਰੇ ਆਪਣੇ ਆਪ ਨੂੰ ਸੁਰੱਖਿਅਤ ਰੱਖ ਸਕਦੇ ਹਾਂ। ਇਸ ਮੌਕੇ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ ਅਤੇ ਹੋਰ ਪਤਵੰਤੇ ਵੀ ਉਨਾਂ ਨਾਲ ਹਾਜ਼ਰ ਸਨ।

**ਕੈਪਸ਼ਨ:--**ਅੰਮ੍ਰਿਤਸਰ ਕੇਂਦਰੀ ਹਲਕੇ ਲਈ ਰਾਸ਼ਨ ਦੇ ਤਿੰਨ ਟਰੱਕ ਰਵਾਨਾ ਕਰਦੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ।

File No.DIPR/133/2020-DPRO Amritsar

I/19704/2020

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ**

**ਸ੍ਰੀ ਹਜੂਰ ਸਾਹਿਬ ਫਸੇ ਯਾਤਰੀਆਂ ਨੂੰ ਘਰ ਲਿਆਉਣ ਲਈ**

**ਮੁੱਖ ਮੰਤਰੀ ਵੱਲੋਂ ਕੀਤੀਆਂ ਕੋਸ਼ਿਸ਼ਾਂ ਨੂੰ ਬੂਰ ਪਿਆ-ਸੱਚਰ**

**ਕੈਪਟਨ ਅਮਰਿੰਦਰ ਸਿੰਘ ਵੱਲੋਂ ਕੀਤੇ ਯਤਨਾਂ ਲਈ ਧੰਨਵਾਦ**

ਅੰਮ੍ਰਿਤਸਰ, 22 ਅਪ੍ਰੈਲ ( )-ਅੰਮ੍ਰਿਤਸਰ ਕਾਂਗਰਸ ਦਿਹਾਤੀ ਦੇ ਪ੍ਰਧਾਨ ਸ. ਭਗਵੰਤਪਾਲ ਸਿੰਘ ਸੱਚਰ ਨੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਸ੍ਰੀ ਹਜੂਰ ਸਾਹਿਬ ਫਸੇ ਯਾਤਰੀਆਂ ਨੂੰ ਵਾਪਸ ਉਨਾਂ ਦੇ ਘਰਾਂ ਵਿਚ ਲਿਆਉਣ ਲਈ ਕੀਤੀਆਂ ਗਈਆਂ ਕੋਸ਼ਿਸ਼ਾਂ ਰੰਗ ਲਿਆਈਆਂ ਹਨ ਅਤੇ ਛੇਤੀ ਹੀ ਸਾਰੇ ਸ਼ਰਧਾਲੂ ਆਪਣੇ-ਆਪਣੇ ਘਰ ਪਰਤ ਆਉਣਗੇ। ਉਨਾਂ ਮੁੱਖ ਮੰਤਰੀ ਵੱਲੋਂ ਇਸ ਮੁੱਦੇ ਉਤੇ ਲਗਾਤਾਰ ਕੀਤੀਆਂ ਗਈਆਂ ਕੋਸ਼ਿਸ਼ਾਂ ਲਈ ਧੰਨਵਾਦ ਕਰਦੇ ਕਿਹਾ ਕਿ ਉਥੇ ਦਰਸ਼ਨਾਂ ਨੂੰ ਗਈ ਸੰਗਤ ਪੰਜਾਬ ਵਿਚ ਕਣਕ ਦੀ ਵਾਢੀ ਸ਼ੁਰੂ ਹੋ ਜਾਣ ਕਾਰਨ ਬਹੁਤ ਪਰੇਸ਼ਾਨ ਸੀ ਅਤੇ ਕਈ ਲੋਕ ਆਪਣੇ ਘਰ ਵੀ ਸੁੰਨੇ ਛੱਡ ਕੇ ਗਏ ਸਨ। ਅਜਿਹੇ ਵਿਚ ਉਨਾਂ ਨੂੰ ਵਾਪਸ ਲਿਆਉਣ ਲਈ ਮੁੱਖ ਮੰਤਰੀ ਵੱਲੋਂ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਊਧਵ ਠਾਕਰੇ ਨਾਲ ਲਗਾਤਾਰ ਰਾਬਤਾ ਰੱਖਿਆ ਗਿਆ , ਜਿਸ ਸਦਕਾ ਗ੍ਰਹਿ ਮੰਤਰੀ ਵੱਲੋਂ ਇਹ ਆਗਿਆ ਦੇ ਦਿੱਤੀ ਗਈ ਹੈ। ਉਨਾਂ ਦੱਸਿਆ ਕਿ ਅੱਜ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਟਵੀਟ ਕਰਕੇ ਇਹ ਜਾਣਕਾਰੀ ਦਿੱਤੀ ਹੈ ਕਿ ਮਹਾਰਾਸ਼ਟਰ ਦੇ ਮੁੱਖ ਮੰਤਰੀ ਊਧਵ ਠਾਕਰੇ ਨੇ ਉਨਾਂ ਨੂੰ ਫੋਨ ਕਰਕੇ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ੍ਰੀ ਹਜ਼ੂਰ ਸਾਹਿਬ ਵਿਖੇ ਫਸੇ ਹੋਏ ਸਿੱਖ ਸ਼ਰਧਾਲੂਆਂ ਨੂੰ ਨਾਦੇੜ ਸਾਹਿਬ ਤੋਂ ਪੰਜਾਬ ਭੇਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ ਤੇ ਇਸ ਸਬੰਧ ‘ਚ ਮੁੱਖ ਸਕੱਤਰ ਨੂੰ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ। ਉਨਾਂ ਦੱਸਿਆ ਕਿ ਯਾਤਰੀਆਂ ਦੀ ਵਾਪਸੀ ਸਬੰਧੀ ਟਰਾਂਸਪੋਰਟੇਸ਼ਨ ਦਾ ਖਰਚਾ ਪੰਜਾਬ ਸਰਕਾਰ ਦੇਵੇਗੀ।

File No.DIPR/133/2020-DPRO Amritsar

I/19706/2020

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ**

**-ਕਰਫਿਊ ਦੌਰਾਨ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਰਦਾਨ ਬਣੇ-ਹੈਲਥ ਵੈਲਨੈੱਸ ਸੈਂਟਰ**

**-ਜ਼ਿਲੇ ਦੇ 130 ਹੈਲਥ ਵੈਲਨੈੱਸ ਸੈਂਟਰਾਂ 23481 ਮਰੀਜਾਂ ਦਾ ਚੈਕਅੱਪ ਕੀਤਾ-ਸਿਵਲ ਸਰਜਨ**

ਅੰਮ੍ਰਿਤਸਰ, 22 ਅਪ੍ਰੈਲ ( ) : ਕੋਰੋਨਾ ਵਾਇਰਸ ਦੀ ਭਿਆਨਕ ਬਿਮਾਰੀ ਤੋਂ ਨਿਜਾਤ ਪਾਉਣ ਲਈ ਸਿਹਤ ਵਿਭਾਗ ਆਪਣੀਆਂ ਨਿਰਵਿਘਨ ਸੇਵਾਵਾਂ ਦੇ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਮਾਨਸਾ ਡਾ. ਜੁਗਲ ਕਿਸ਼ੋਰ ਨੇ ਦੱਸਿਆ ਕਿ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ੍ਰੀ ਬਲਬੀਰ ਸਿੰਘ ਸਿੱਧੂ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲੇ ਵਿਚ ਕਰਫਿਊ ਅਤੇ ਲਾਕਡਾਊਨ ਦੌਰਾਨ ਆਮ ਵਰਗ ਦੇ ਲੋਕਾਂ ਨੂੰ ਪਿੰਡਾਂ ਵਿਖੇ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਹਿੱਤ ਜ਼ਿਲੇ ਵਿਚ ਕੁਲ 130 ਹੈਲਥ ਐਂਡ ਵੈਲਨੈੱਸ ਸੈਂਟਰ ਚਲਾਏ ਜਾ ਰਹੇ ਹਨ।

ਸਿਵਲ ਸਰਜਨ ਡਾ. ਕਿਸ਼ੋਰ ਨੇ ਦੱਸਿਆ ਕਿ ਇਨਾਂ 130 ਹੈਲਥ ਵੈਲਨੈੱਸ ਸੈਂਟਰ ਵਿਚ ਤਾਇਨਾਤ ਕਮਿਊਨਿਟੀ ਹੈਲਥ ਅਫਸਰਾਂ ਵੱਲੋਂ ਪਿੰਡਾਂ ਵਿੱਚ ਮਰੀਜਾਂ ਨੂੰ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨਾਂ ਦੱਸਿਆ ਕਿ ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਆਮ ਕੰਮ-ਕਾਰ ਵਾਲੇ ਦਿਨਾਂ ਤੋਂ ਇਲਾਵਾ ਇਹਨਾਂ ਸੀ.ਐਚ.ਓ. ਵੱਲੋਂ ਲਾਕਡਾਊਨ ਦੌਰਾਨ ਸਰਕਾਰੀ ਛੁੱਟੀ ਵਾਲੇ (ਜਿੰਨਾਂ ਵਿੱਚ ਗਜਟਿਡ ਛੁੱਟੀਆਂ ਅਤੇ ਐਤਵਾਰ ਵਾਲੀਆਂ ਛੁੱਟੀਆਂ ਸ਼ਾਮਿਲ ਹਨ) ਦਿਨਾਂ ਵਿੱਚ ਵੀ ਸਾਰੇ ਦੇ ਸਾਰੇ ਹੈਲਥ ਵੈਲਨੈੱਸ ਸੈਂਟਰ ਖੋਲੇ ਜਾ ਰਹੇ ਹਨ ਅਤੇ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨਾਂ ਦੱਸਿਆ ਕਿ ਸੀ.ਐਚ.ਓ ਵੱਲੋਂ ਆਮ ਬਿਮਾਰੀਆਂ ਤੋਂ ਇਲਾਵਾ ਮੁੱਖ ਤੌਰ ’ਤੇ ਗੰਭੀਰ ਬਿਮਾਰੀਆਂ (ਜਿਵੇਂ ਬੀ.ਪੀ., ਦਿਲ ਦੀਆਂ ਬਿਮਾਰੀਆਂ, ਸ਼ੂਗਰ, ਕੈਂਸਰ) ਦੀਆਂ ਦਵਾਈਆਂ ਵੀ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਇਨਾਂ ਹੈਲਥ ਵੈਲਨੈੱਸ ਸੈਂਟਰਾਂ ਵਿੱਚ 23 ਮਾਰਚ 2020 ਤੋਂ 21 ਅਪ੍ਰੈਲ 2020 ਤੱਕ 23481 ਮਰੀਜਾਂ ਦਾ ਚੈਕਅੱਪ ਕੀਤਾ ਗਿਆ ਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ ਹਨ। ਉਨਾਂ ਨੇ ਭਿਆਨਕ ਬਿਮਾਰੀ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਕਮਿਊਨਿਟੀ ਹੈਲਥ ਅਫਸਰਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਜਿਲੇ ਨੂੰ ਕੋਰੋਨਾ ਤੋਂ ਮੁਕਤੀ ਦਿਵਾ ਕੇ ਛੇਤੀ ਹੀ ਆਮ ਦੀ ਤਰਾਂ ਜਿੰਦਗੀ ਸ਼ੁਰੂ ਕੀਤੀ ਜਾਵੇ।

File No.DIPR/133/2020-DPRO Amritsar

I/19705/2020

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ**

**ਖੇਤੀਬਾੜੀ ਵਿਭਾਗ ਨੇ ਝੋਨੇ ਹੇਠੋਂ ਰਕਬਾ ਘੱਟ ਕਰਨ ਦੀ ਯੋਜਨਾ ਉਲੀਕੀ**

**ਮੱਕੀ ਤੇ ਬਾਸਮਤੀ ਨੂੰ ਕੀਤਾ ਜਾਵੇਗਾ ਉਤਸ਼ਾਹਿਤ-ਖੇਤੀਬਾੜੀ ਅਧਿਕਾਰੀ**

ਅੰਮ੍ਰਿਤਸਰ, 22 ਅਪ੍ਰੈਲ ( )-ਖੇਤੀਬਾੜੀ ਵਿਭਾਗ ਨੇ ਜਿਲੇ ਵਿਚ ਝੋਨੇ ਹੇਠੋਂ ਰਕਬਾ ਘੱਟ ਕਰਕੇ ਮੱਕੀ ਅਤੇ ਬਾਸਮਤੀ ਹੇਠ ਰਕਬਾ ਵਧਾਉਣ ਦੀ ਯੋਜਨਾ ਉਲੀਕੀ ਹੈ , ਤਾਂ ਕਿ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਸੁਧਾਰਿਆ ਜਾ ਸਕੇ। ਉਕਤ ਸਬਦਾਂ ਦਾ ਪ੍ਰਗਟਾਵਾ ਜਿਲਾ ਖੇਤੀਬਾੜੀ ਅਧਿਕਾਰੀ ਸ. ਹਰਿੰਦਰਜੀਤ ਸਿੰਘ ਨੇ ਕਰਦਿਆਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਹਾਈਬ੍ਰਿਡ ਮੱਕੀ , ਸੋਇਆਬੀਨ, ਸਬਜੀਆਂ, ਤੇਲ ਬੀਜ ਅਤੇ ਬਾਸਮਤੀ ਦੀ ਕਾਸ਼ਤ ਨੂੰ ਉਤਸ਼ਾਹਿਤ ਕੀਤਾ ਜਾਵੇ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਇਸ ਵਾਰ ਲੇਬਰ ਦਾ ਸੰਕਟ ਰਹਿਣ ਕਾਰਨ ਝੋਨੇ ਦੀ ਸਿੱਧੀ ਬਿਜਾਈ ਲਈ ਵੀ ਕਿਸਾਨਾਂ ਨੂੰ ਪ੍ਰੇਰਿਆ ਜਾਵੇਗਾ , ਜਿਸ ਨਾਲ ਪਾਣੀ ਤੇ ਲਾਗਤ ਦੋਵੇਂ ਬਚਦੇ ਹਨ। ਇਸੇ ਤਰਾਂ ਬਾਸਮਤੀ 1121 ਅਤੇ 1501 ਦੀ ਸਿੱਧੀ ਬਿਜਾਈ ਲਈ ਕਿਸਾਨਾਂ ਨੂੰ ਤਿਆਰ ਕੀਤਾ ਜਾਵੇਗਾ।

ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਜਿਲੇ ਦੇ 2.16 ਲੱਖ ਹੈਕਟੇਅਰ ਵਾਹੀਯੋਗ ਰਕਬੇ ਵਿਚੋਂ 1,44000 ਹੈਕਟੇਅਰ ਰਕਬਾ ਬਾਸਮਤੀ ਦੀ ਕਾਸ਼ਤ ਹੇਠ ਹੋਵੇ। ਇਸੇ ਤਰਾਂ ਝੋਨੇ ਹੇਠੋਂ ਰਕਬਾ ਘੱਟ ਕਰਕੇ ਹਾਈਬ੍ਰਿਡ ਮੱਕੀ ਅਤੇ ਸਾਈਲਜ ਮੱਕੀ ਹੇਠ 6000 ਹੈਕਟੇਅਰ ਰਕਬਾ ਲਿਆਉਣ ਦਾ ਟੀਚਾ ਵੀ ਹੈ।

ਉਨਾਂ ਕਿਹਾ ਕਿ ਸਾਡੇ ਅਧਿਕਾਰੀ ਕਿਸਾਨਾਂ ਨਾਲ ਹੁਣ ਤੋਂ ਹੀ ਰਾਬਤਾ ਰੱਖ ਰਹੇ ਹਨ ਤਾਂ ਕਿ ਲੋੜੀਂਦਾ ਬੀਜ ਤੇ ਤਕਨੀਕੀ ਜਾਣਕਾਰੀ ਮੌਕੇ ਉਤੇ ਦੇ ਕੇ ਕਿਸਾਨ ਦੀ ਲਾਗਤ ਘੱਟ ਕੀਤੀ ਜਾ ਸਕੇ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਕੋਂ ਬਾਅਦ ਹਰੀ ਖਾਦ ਲਈ ਖੇਤਾਂ ਵਿਚ ਢਾਂਚਾ ਜਾਂ ਮੂੰਗੀ ਦੀ ਕਾਸ਼ਤ ਯਕੀਨੀ ਬਣਾਉ ਤਾਂ ਕਿ ਖੇਤ ਵਿਚ ਨਾਈਟਰੋਜ਼ਨ ਦਾ ਕੁਦਰਤੀ ਤੌਰ ਉਤੇ ਪੱਧਰ ਵੱਧ ਸਕੇ, ਜਿਸ ਨਾਲ ਰਸਾਇਣਕ ਖਾਦ ਦੀ ਲੋੜ ਵੀ ਘੱਟ ਜਾਵੇਗੀ।

File No.DIPR/133/2020-DPRO Amritsar

I/19703/2020

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ**

**ਪਸ਼ੂਆਂ ਦੇ ਮਸਨੂਈ ਗਰਭਦਾਨ ਵਿਚ ਅੰਮ੍ਰਿਤਸਰ ਜਿਲਾ ਰਾਜ ਭਰ ਵਿਚੋਂ ਮੋਹਰੀ**

**ਰਾਸ਼ਟਰੀ ਪੱਧਰ ਉਤੇ ਮਿਲਿਆ 30ਵਾਂ ਸਥਾਨ**

ਅੰਮ੍ਰਿਤਸਰ, 22 ਅਪ੍ਰੈਲ ( )-ਰਾਸ਼ਟਰ ਪੱਧਰ ਤੇ ਗੋਕਲ ਮਿਸ਼ਨ ਅਧੀਨ ਚੱਲ ਰਹੇ ਪਸ਼ੂਆਂ ਦੇ ਮਸਨੂਈ ਗਰਭਦਾਨ ਪ੍ਰੋਗਰਾਮ ਵਿਚ ਅੰਮ੍ਰਿਤਸਰ ਜਿਲੇ ਨੇ ਰਾਜ ਦੇ ਬਾਕੀ 21 ਜਿਲਿਆਂ ਨੂੰ ਪਛਾੜ ਕੇ ਪਹਿਲਾ ਸਥਾਨ ਮੱਲਿਆ ਹੈ , ਜਦਕਿ ਦੇਸ਼ ਭਰ ਦੇ 600 ਜਿਲਿਆਂ ਵਿਚ ਇਹ 30ਵੇਂ ਸਥਾਨ ਉਤੇ ਰਿਹਾ ਹੈ। ਇਹ ਜਾਣਕਾਰੀ ਦਿੰਦੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਪਵਨ ਮਲਹੋਤਰਾ ਨੇ ਦੱਸਿਆ ਕਿ ਪਸ਼ੂ ਤੇ ਮੱਛੀ ਪਾਲਣ ਮੰਤਰੀ ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਵੱਲੋਂ ਕਿਸਾਨਾਂ ਨੂੰ ਉੱਚਾ ਚੁੱਕਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਅਧੀਨ ਸਾਨੂੰ ਇਹ ਪ੍ਰੋਗਰਾਮ ਸੌਂਪਿਆ ਗਿਆ ਸੀ ਅਤੇ ਵਿਭਾਗ ਦੇ ਸੈਕਟਰੀ ਸ. ਜਸਪਾਲ ਸਿੰਘ ਅਤੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਵੱਲੋਂ ਦਿੱਤੀ ਯੋਗ ਅਗਵਾਈ ਸਦਕਾ ਅਸੀਂ ਪੰਜਾਬ ਵਿਚ ਸਭ ਤੋਂ ਅੱਗੇ ਰਹੇ ਹਾਂ।

ਉਨਾਂ ਦੱਸਿਆ ਕਿ ਪਸ਼ੂਆਂ ਦੇ ਨਸਲ ਸੁਧਾਰ ਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਇਰਾਦੇ ਨਾਲ ਪ੍ਰਧਾਨ ਮੰਤਰੀ ਨੇ ਇਹ ਪ੍ਰੋਗਰਾਮ 11 ਸਤੰਬਰ 2019 ਨੂੰ ਸ਼ੁਰੂ ਕੀਤਾ ਸੀ , ਜਿਸ ਨੂੰ 6 ਨਵੰਬਰ 2019 ਨੂੰ ਪੰਜਾਬ ਵਿਚ ਲਾਗੂ ਕੀਤਾ ਜਾ ਸਕਿਆ। ਉਨਾਂ ਦੱਸਿਆ ਕਿ ਜਿਲੇ ਦੇ ਨੋਡਲ ਅਧਿਕਾਰੀ ਡਾ. ਹਰਮਨਪ੍ਰੀਤ ਸਿੰਘ ਵੱਲੋਂ ਸਾਰੇ ਜਿਲੇ ਦੀ ਮੈਪਿੰਗ ਅਤੇ ਸਟਾਫ ਨੂੰ ਇਸ ਸਬੰਧੀ ਸਿਖਲਾਈ ਦੇ ਕੇ ਅਸੀਂ ਅੰਮ੍ਰਿਤਸਰ ਵਿਚ ਦਸੰਬਰ ਮਹੀਨੇ ਕੰਮ ਸ਼ੁਰੂ ਕੀਤਾ ਸੀ।

ਉਨਾਂ ਦੱਸਿਆ ਕਿ ਇਸ ਸਕੀਮ ਅਧੀਨ ਮੱਝਾਂ ਵਿਚ ਮੁਰੱਹਾ , ਨੀਲੀ ਰਾਵੀ ਅਤੇ ਗਾਵਾਂ ਵਿਚ ਜਰਸੀ , ਐਚ. ਐਫ. ਸਾਹੀਵਾਲ ਦਾ ਸੀਮਨ ਵਰਤਿਆ ਗਿਆ। ਉਨਾਂ ਦੱਸਿਆ ਕਿ ਪਹਿਲਾਂ ਇਸ ਸਕੀਮ ਅਧੀਨ ਜਿਲੇ ਦਾ 100 ਪਿੰਡ ਲਿਆ ਗਿਆ ਸੀ, ਪਰ ਫਿਰ ਸਕੀਮ ਦਾ ਘੇਰਾ ਵਧਾ ਕੇ 300 ਪਿੰਡ ਕੀਤੇ ਗਏ, ਜਿੰਨਾ ਵਿਚ ਅਸੀਂ 20823 ਜਨਵਰਾਂ ਨੂੰ ਮੁਫਤ ਮਸਨੂਈ ਗਰਭਦਾਨ ਦਿੱਤਾ। ਉਨਾਂ ਦੱਸਿਆ ਕਿ ਹਰੇਕ ਪਸ਼ੂ ਦੇ ਕੰਨ ਉਤੇ ਇਸ ਦੌਰਾਨ 12 ਅੰਕਾਂ ਦਾ ਵਿਲੱਖਣ ਪਛਾਣ ਚਿੰਨ ਵੀ ਦਿੱਤਾ ਗਿਆ, ਜਿਸ ਨਾਲ ਪਸ਼ੂ ਦਾ ਸਾਰਾ ਰਿਕਾਰਡ ਰਾਸ਼ਟਰ ਪੱਧਰ ਉਤੇ ਨੈਸ਼ਨਲ ਡੇਅਰੀ ਵਿਕਾਸ ਬੋਰਡ ਕੋਲ ਜਾ ਚੁੱਕਾ ਹੈ।

ਡਾ. ਮਲਹੋਤਰਾ ਨੇ ਇਸ ਕਾਮਯਾਬੀ ਲਈ ਇਸ ਕਾਮਯਾਬੀ ਲਈ ਡਾ. ਪ੍ਰਭਦੀਪ ਸਿੰਘ, ਡਾ. ਅਮਰਪ੍ਰੀਤ ਪੰਨੂੰ, ਡਾ. ਵਿਸ਼ਾਲ ਮੜੀਆ, ਏ. ਆਈ. ਲਵਪ੍ਰੀਤ ਸਿੰਘ ਅਤੇ ਗੁਰਲਾਲ ਸਿੰਘ ਦੀ ਟੀਮ ਨੂੰ ਦਿੰਦੇ ਕਿਹਾ ਕਿ ਇਹ ਸਾਰਾ ਕੰਮ ਮਿਲ ਵਰਤ ਕੇ ਹੀ ਕੀਤਾ ਜਾ ਸਕਿਆ। ਉਨਾਂ ਕਿਹਾ ਕਿ ਇਸ ਨਾਲ ਪਸ਼ੂਆਂ ਦੀ ਨਸਲ ਵਿਚ ਵੱਡਾ ਸੁਧਾਰ ਆਉਣ ਵਾਲੇ ਸਮੇਂ ਵਿਚ ਵੇਖਣ ਨੂੰ ਮਿਲੇਗਾ , ਜਿਸ ਨਾਲ ਕਿਸਾਨ ਨੂੰ ਵਿੱਤੀ ਤੌਰ ਉਤੇ ਲਾਭ ਹੋਵੇਗਾ।

ਕੈਪਸ਼ਨ:-- ਡਾ. ਪਵਨ ਮਲਹੋਤਰਾ